# ਆਕਾਸ਼ਵਾਣੀ ਜਲੰਧਰ

# ਪ੍ਰਾਦੇਸ਼ਿਕ ਖਬਰਾਂ

## 13:10

**ਮਿਤੀ :03-09-2026**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸਥਾਨਕ ਸੰਸਥਾਵਾਂ ਨੂੰ ਸ਼ਹਿਰੀਕਰਨ ਕਰਕੇ ਦਰਪੇਸ਼ ਚੁਣੌਤੀਆਂ, ਵਧਦੀ ਆਬਾਦੀ ਅਤੇ ਭਵਿੱਖ 'ਚ ਪਾਣੀ ਦੀਆਂ ਜ਼ਰੂਰਤਾਂ ਪ੍ਰਤੀ ਸੰਵੇਦਨਸ਼ੀਲ ਬਣਾਉਣ ਦਾ ਸੱਦਾ ਦਿੱਤਾ । ਉਨ੍ਹਾਂ ਸ਼ਹਿਰੀ ਸਥਾਨਕ ਸੰਸਥਾਵਾਂ ਲਈ ਵੀ ਇਸੇ ਤਰ੍ਹਾਂ ਦੇ ਵਿਚਾਰ-ਵਟਾਂਦਰੇ ਸੈਸ਼ਨ ਕਰਨ ਦਾ ਸੁਝਾਅ ਦਿੱਤਾ। ਕੱਲ੍ਹ, ਪ੍ਰਧਾਨ ਮੰਤਰੀ ਨੇ ਜਲ ਸ਼ਕਤੀ ਮੰਤਰਾਲੇ ਵਲੋਂ ਆਯੋਜਿਤ ਦੋ-ਰੋਜ਼ਾ ਰਾਸ਼ਟਰੀ ਵਿਭਾਗੀ ਜਲ ਸੰਮੇਲਨ ਦੇ ਸਮਾਪਤੀ ਸੈਸ਼ਨ ਦੀ ਪ੍ਰਧਾਨਗੀ ਕਰਦਿਆਂ, ਜਲ ਸੰਭਾਲ ਤਕਨਾਲੋਜੀਆਂ ਨੂੰ ਵਧੇਰੇ ਅਪਣਾਉਣ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਸ਼੍ਰੀ ਮੋਦੀ ਨੇ ਲੋਕਾਂ ਵਿੱਚ ਵਿਆਪਕ ਜਾਗਰੂਕਤਾ ਪੈਦਾ ਕਰਨ ਲਈ 'ਜਲ ਉਤਸਵ' ਦੇ ਆਯੋਜਨ ਨੂੰ ਉਤਸ਼ਾਹਿਤ ਕਰਨ ਦਾ ਸੁਝਾਅ ਦਿੱਤਾ। ਪ੍ਰਧਾਨ ਮੰਤਰੀ ਨੇ ਹਰ ਮਾਨਸੂਨ ਸੀਜ਼ਨ ਤੋਂ ਪਹਿਲਾਂ ਵਿਆਪਕ ਤਿਆਰੀ, ਨਿਰਧਾਰਤ ਸਾਵਧਾਨੀਆਂ ਦੀ ਪਾਲਣਾ ਅਤੇ ਡੈਮ ਸੁਰੱਖਿਆ

ਬਾਰੇ ਸਕੂਲੀ ਵਿਦਿਆਰਥੀਆਂ ਵਿੱਚ ਜਾਗਰੂਕਤਾ ਵਧਾਉਣ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਇਸ ਉਦੇਸ਼ ਲਈ ਵਿਦਿਅਕ ਪਾਠਕ੍ਰਮ ਵਿੱਚ ਢੁਕਵੇਂ ਵਿਸ਼ਿਆਂ ਨੂੰ ਸ਼ਾਮਲ ਕਰਨ ਦਾ ਸੁਝਾਅ ਦਿੱਤਾ। ਪ੍ਰਧਾਨ ਮੰਤਰੀ ਨੇ ਯੂਨੀਵਰਸਿਟੀਆਂ ਅਤੇ ਉੱਚ ਵਿਦਿਅਕ ਸੰਸਥਾਵਾਂ ਵਿੱਚ ਪਾਣੀ ਪ੍ਰਬੰਧਨ ਅਤੇ ਪ੍ਰਸ਼ਾਸਨ ਨਾਲ ਸਬੰਧਤ ਗਿਆਨ ਅਤੇ ਸਮਰੱਥਾ ਨੂੰ ਮਜ਼ਬੂਤ ਕਰਨ ਦੀ ਜ਼ਰੂਰਤ 'ਤੇ ਵੀ ਜ਼ੋਰ ਦਿੱਤਾ।

---

ਪੰਜਾਬ ਸਰਕਾਰ ਨੇ ਆਉਣ ਵਾਲੇ ਸਾਉਣੀ ਮੰਡੀਕਰਨ ਸੀਜ਼ਨ 2026-27 ਦੌਰਾਨ ਝੋਨੇ ਦੀ ਸੁਚਾਰੂ, ਨਿਰਵਿਘਨ ਅਤੇ ਸਮੇਂ-ਸਿਰ ਖਰੀਦ ਨੂੰ ਯਕੀਨੀ ਬਣਾਉਣ ਲਈ ਪੁਖ਼ਤਾ ਪ੍ਰਬੰਧ ਕੀਤੇ ਨੇ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਾਰੇ ਸਬੰਧਤ ਵਿਭਾਗਾਂ ਅਤੇ ਖ਼ਰੀਦ ਏਜੰਸੀਆਂ ਨੂੰ ਪੂਰੀ ਤਰ੍ਹਾਂ ਤਿਆਰ ਰਹਿਣ ਦੇ ਨਿਰਦੇਸ਼ ਦਿੱਤੇ ਨੇ। ਇਨ੍ਹਾਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਉੱਚ ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਆਉਣ ਵਾਲੇ ਖ਼ਰੀਦ ਸੀਜ਼ਨ ਦੌਰਾਨ 5 ਲੱਖ ਤੋਂ ਵੱਧ ਬਾਰਦਾਨੇ ਦੀ ਲੋੜ ਹੋਵੇਗੀ ਅਤੇ ਇਸ ਦੀ ਉਪਲਬਧਤਾ ਲਈ ਪ੍ਰਬੰਧ ਪਹਿਲਾਂ ਹੀ ਕਰ ਲਏ ਗਏ ਨੇ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਨਕਦ ਕਰਜ਼ਾ ਹੱਦ ਕੈਸ਼ ਲਈ ਪਹਿਲਾਂ ਹੀ ਆਰ.ਬੀ.ਆਈ. ਨੂੰ ਤਜਵੀਜ਼ ਭੇਜੀ ਗਈ ਏ।

---------------------------------------------------------------

ਪੰਜਾਬ, ਮਨੁੱਖਤਾਵਾਦੀ ਅਤੇ ਤਕਨੀਕੀ ਪਹਿਲਕਦਮੀ ਤਹਿਤ ਸੂਬੇ ਭਰ ਦੇ ਸਰਕਾਰੀ ਮੁਰਦਾਘਰਾਂ ਵਿੱਚ ਲਿਆਂਦੀਆਂ ਜਾਣ ਵਾਲੀਆਂ ਅਣਪਛਾਤੀਆਂ ਅਤੇ ਲਾਵਾਰਿਸ ਮ੍ਰਿਤਕ ਦੇਹਾਂ ਦੀ ਡਿਜੀਟਲ ਸ਼ਨਾਖ਼ਤ ਲਈ, ਸੂਬਾ ਪੱਧਰੀ ਜਨਤਕ ਪੋਰਟਲ "ਪਹਿਚਾਣ" ਸ਼ੁਰੂ ਕਰਨ ਵਾਲਾ ਦੇਸ਼ ਦਾ ਪਹਿਲਾ ਸੂਬਾ ਬਣ ਗਿਆ ਏ । ਪੇਸ਼ ਏ ਇਕ ਰਿਪੋਰਟ

*ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਇਸ ਸੂਬਾ ਪੱਧਰੀ ਪੋਰਟਲ ਦੀ ਕੱਲ ਰਸਮੀ ਸ਼ੁਰੂਆਤ ਕੀਤੀ। ਉਨ੍ਹਾਂ ਦੱਸਿਆ ਕਿ 'ਪਹਿਚਾਣ' ਪਹਿਲਕਦਮੀ ਤਹਿਤ ਪੰਜਾਬ ਦੇ ਕਿਸੇ ਵੀ ਸਰਕਾਰੀ ਮੁਰਦਾਘਰ ਵਿੱਚ ਪੋਸਟਮਾਰਟਮ ਦੇ 48 ਘੰਟਿਆਂ ਦੇ ਅੰਦਰ-ਅੰਦਰ ਹਰੇਕ ਅਣਪਛਾਤੇ, ਲਾਵਾਰਿਸ ਮ੍ਰਿਤਕ ਵਿਅਕਤੀ ਦੇ ਚਿਹਰੇ ਦੀਆਂ ਤਸਵੀਰਾਂ, ਸਥਾਈ ਸ਼ਨਾਖ਼ਤੀ ਨਿਸ਼ਾਨ ਜਿਵੇਂ ਕਿ ਟੈਟੂ, ਜਨਮ ਤੋਂ ਕੋਈ ਨਿਸ਼ਾਨ, ਕਿਸੇ ਖਾਸ ਸਰੀਰਕ ਨੁਕਸ ਦੀਆਂ ਤਸਵੀਰਾਂ ਅਤੇ ਸਰੀਰਕ ਹੁਲੀਆ ਪੋਰਟਲ 'ਤੇ ਅੱਪਲੋਡ ਕੀਤਾ ਜਾਵੇਗਾ। ਇਹ ਪੋਰਟਲ ਸਿਹਤ ਵਿਭਾਗ ਦੀਆਂ ਸਾਰੀਆਂ ਅਧਿਕਾਰਤ ਵੈੱਬਸਾਈਟਾਂ ਰਾਹੀਂ ਬਿਲਕੁਲ ਮੁਫ਼ਤ ਉਪਲਬਧ ਏ ਅਤੇ ਭਾਰਤ ਜਾਂ ਵਿਦੇਸ਼ ਵਿੱਚ*

*ਕਿਸੇ ਵੀ ਥਾਂ ਤੋਂ ਪਰਿਵਾਰਾਂ ਵੱਲੋਂ ਇਸ ਪੋਰਟਲ ਰਾਹੀਂ ਖੋਜ ਕੀਤੀ ਜਾ ਸਕਦੀ ਏ।*
*ਇਸ ਪੋਰਟਲ ਰਾਹੀਂ ਜਿਵੇਂ ਹੀ ਕੋਈ ਦਾਅਵੇਦਾਰ ਆਨਲਾਈਨ ਦਾਅਵਾ ਦਰਜ ਕਰੇਗਾ, ਸਬੰਧਤ ਜਾਂਚ ਅਧਿਕਾਰੀ ਨੂੰ ਆਪਣੇ ਆਪ ਸੂਚਿਤ ਕਰ ਦਿੱਤਾ ਜਾਵੇਗਾ ਤਾਂ ਜੋ ਪਰਿਵਾਰਾਂ ਨੂੰ ਮੁਰਦਾਘਰਾਂ ਜਾਂ ਪੁਲਿਸ ਥਾਣਿਆਂ ਦੇ ਚੱਕਰ ਲਾਏ ਬਿਨਾਂ ਸਮਰੱਥ ਕਾਨੂੰਨੀ ਅਧਿਕਾਰ ਤਹਿਤ ਰਸਮੀ ਸ਼ਨਾਖ਼ਤ ਵਾਸਤੇ ਅੱਗੇ ਦੀ ਕਾਰਵਾਈ ਕੀਤੀ ਜਾ ਸਕੇ।*
*ਇਹ ਪੋਰਟਲ ਪੰਜਾਬ ਦੇ ਡਿਜੀਟਲ ਮੈਡੀਕੋ-ਲੀਗਲ ਸਾਫ਼ਟਵੇਅਰ 'ਮੈਡੀਕੋ-ਲੀਗਲ ਅਤੇ ਪੋਸਟ-ਮਾਰਟਮ ਰਿਪੋਰਟ', ਜੋ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਨਿਰਦੇਸ਼ਾਂ ਤੋਂ ਬਾਅਦ ਐਨ.ਆਈ.ਸੀ. ਵੱਲੋਂ ਵਿਕਸਤ ਪ੍ਰਣਾਲੀ ਏ ਦੇ ਮਜ਼ਬੂਤ ਆਧਾਰ 'ਤੇ ਤਿਆਰ ਕੀਤਾ ਗਿਆ ਏ ।*

*ਰਾਜੇਸ਼ ਬਾਲੀ /ਆਕਾਸ਼ਵਾਣੀ ਖਬਰਾਂ /ਜਲੰਧਰ*

---------------------------------------------------------------------------

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜਾਪਾਨ ਇੰਟਰਨੈਸ਼ਨਲ ਕੋਆਪਰੇਸ਼ਨ ਏਜੰਸੀ ਦੇ ਸਹਿਯੋਗ ਨਾਲ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵਿਖੇ ਇੱਕ 'ਬਾਗਬਾਨੀ ਗਿਆਨ ਕੇਂਦਰ' ਨੂੰ ਮਨਜ਼ੂਰੀ ਦਿੱਤੀ। ਇਹ ਪਹਿਲਕਦਮੀ 1300 ਕਰੋੜ ਰੁਪਏ ਦੇ ਪ੍ਰਾਜੈਕਟ

ਦਾ ਹਿੱਸਾ ਏ ਜਿਸ ਉਦੇਸ਼ ਬਾਗਬਾਨੀ ਦਾ ਵਿਸਥਾਰ ਕਰਨਾ, ਵੈਲਯੂ ਚੇਨ ਨੂੰ ਮਜ਼ਬੂਤ ਕਰਨਾ ਅਤੇ ਕਿਸਾਨਾਂ ਦੀ ਆਮਦਨ ਨੂੰ ਵਧਾਉਣਾ ਏ। ਜ਼ਿਕਰਯੋਗ ਏ ਕਿ ਪੰਜਾਬ ਨੇ 2036 ਤੱਕ ਬਾਗਬਾਨੀ ਹੇਠਲੇ ਰਕਬੇ ਨੂੰ 16 ਲੱਖ ਹੈਕਟੇਅਰ ਤੱਕ ਵਧਾਉਣ ਦਾ ਟੀਚਾ ਰੱਖਿਆ ਏ । ਮੁੱਖ ਮੰਤਰੀ ਨੇ ਕਿਹਾ ਕਿ ਪ੍ਰਾਜੈਕਟ ਦਾ ਮੁੱਖ ਉਦੇਸ਼ ਬਾਗ਼ਬਾਨੀ ਹੇਠਲੇ ਰਕਬੇ ਦਾ ਵਿਸਥਾਰ ਅਤੇ ਮਜ਼ਬੂਤ ਕੀਮਤ ਲੜੀ ਬੁਨਿਆਦੀ ਢਾਂਚੇ ਰਾਹੀਂ ਬਾਗਬਾਨੀ ਫ਼ਸਲਾਂ ਨੂੰ ਉਤਸ਼ਾਹਿਤ ਕਰਨਾ ਏ ।

-----------------------------------------------------------------

ਗੁਰਦਾਸਪੁਰ ਦੀ ਦੋਰਾਂਗਲਾ ਪੁਲਿਸ ਅਤੇ ਖੁਫੀਆ ਵਿਭਾਗ ਨੇ ਬੀਤੀ ਦੇਰ ਰਾਤ ਇੱਕ ਸਾਂਝੇ ਆਪ੍ਰੇਸ਼ਨ ਦੌਰਾਨ ਇੱਕ ਵਿਅਕਤੀ ਨੂੰ ਕਰੀਬ ਇੱਕ ਕਿਲੋ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਏ । ਟੀਮ ਨੇ ਕਾਬੂ ਕੀਤੇ ਵਿਅਕਤੀ ਖਿਲਾਫ ਮਾਮਲਾ ਦਰਜ ਕਰਕੇ, ਉਸਨੂੰ ਹਿਰਾਸਤ ਵਿੱਚ ਲੈ ਲਿਆ ਏ। ਅਗਲੇਰੀ ਜਾਂਚ ਕੀਤੀ ਜਾ ਰਹੀ ਏ।

-----------------------------------------------------------------

ਮਹਿਲਾ ਕ੍ਰਿਕੇਟ ਵਿੱਚ, ਅੱਜ ਭਾਰਤ ਦਾ ਮੁਕਾਬਲਾ twenty-twenty ਏਸ਼ੀਆ ਕੱਪ ਦੇ ਆਪਣੇ ਦੂਜੇ ਗਰੁੱਪ-ਏ ਮੈਚ ਵਿੱਚ, ਹਾਂਗਕਾਂਗ ਨਾਲ ਹੋਵੇਗਾ। ਇਹ ਮੈਚ ਸੰਯੁਕਤ ਅਰਬ ਅਮੀਰਾਤ ਦੇ ਦੁਬਈ ਅੰਤਰ-ਰਾਸ਼ਟਰੀ ਸਟੇਡੀਅਮ ਵਿੱਚ ਭਾਰਤੀ ਸਮੇਂ ਅਨੁਸਾਰ, ਰਾਤ 8 ਵਜੇ ਸ਼ੁਰੂ

ਹੋਵੇਗਾ। ਭਾਰਤੀ ਮਹਿਲਾ ਟੀਮ ਨੇ ਐਤਵਾਰ ਨੂੰ, ਥਾਈਲੈਂਡ 'ਤੇ 94 ਦੌੜਾਂ ਦੀ ਸ਼ਾਨਦਾਰ ਜਿੱਤ ਨਾਲ, ਆਪਣੀ ਮੁਹਿੰਮ ਦੀ ਸ਼ੁਰੂਆਤ ਕੀਤੀ ਸੀ।